ਬਿਲਾਵਲੁ ਮਹਲਾ ੫ ॥ ਟਹਲ ਕਰਉ ਤੇਰੇ ਦਾਸ ਕੀ ਪਗ ਝਾਰਉ ਬਾਲ ॥ ਮਸਤਕੁ ਅਪਨਾ ਭੇਟ ਦੇਉ ਗੁਨ ਸੁਨਉ ਰਸਾਲ ॥੧॥ ਤੁਮ੍ਹ੍ਹ ਮਿਲਤੇ ਮੇਰਾ ਮਨੁ ਜੀਓ ਤੁਮ੍ਹ੍ਹ ਮਿਲਹੁ ਦਇਆਲ ॥ ਨਿਸਿ ਬਾਸੁਰ ਮਨਿ ਅਨਦੁ ਹੋਤ ਚਿਤਵਤ ਕਿਰਪਾਲ ॥੧॥ ਰਹਾਉ ॥ ਜਗਤ ਉਧਾਰਨ ਸਾਧ ਪ੍ਰਭ ਤਿਨ੍ਹ੍ਹ ਲਾਗਹੁ ਪਾਲ ॥ ਮੋ ਕਉ ਦੀਜੈ ਦਾਨੁ ਪ੍ਰਭ ਸੰਤਨ ਪਗ ਰਾਲ ॥੨॥ ਉਕਤਿ ਸਿਆਨਪ ਕਛੁ ਨਹੀ ਨਾਹੀ ਕਛੁ ਘਾਲ ॥ ਭ੍ਰਮ ਭੈ ਰਾਖਹੁ ਮੋਹ ਤੇ ਕਾਟਹੁ ਜਮ ਜਾਲ ॥੩॥ ਬਿਨਉ ਕਰਉ ਕਰੁਣਾਪਤੇ ਪਿਤਾ ਪ੍ਰਤਿਪਾਲ ॥ ਗੁਣ ਗਾਵਉ ਤੇਰੇ ਸਾਧਸੰਗਿ ਨਾਨਕ ਸੁਖ ਸਾਲ ॥੪॥੧੧॥੪੧॥ {ਪੰਨਾ 810-811}

ਪਦਅਰਥ:- ਕਰਉ—ਕਰਉਂ, ਮੈਂ ਕਰਦਾ ਰਹਾਂ। ਪਗ—ਪੈਰ, ਚਰਨ। ਝਾਰਉ—ਝਾਰਉਂ, ਮੈਂ ਝਾੜਾਂ। ਬਾਲ—ਕੇਸਾਂ ਨਾਲ। ਮਸਤਕੁ—ਮੱਥਾ, ਸਿਰ। ਭੇਟ ਦੇਉ—ਭੇਟ ਦੇਉਂ, ਮੈਂ ਅਰਪਣ ਕਰ ਦਿਆਂ। ਸੁਨਉ—ਸੁਨਉਂ, ਮੈਂ ਸੁਣਾਂ। ਰਸਾਲ—{ਰਸ ਆਲਯ} ਸੁਆਦਲੇ।1।

ਜੀਓ—ਜੀਊ ਪੈਂਦਾ ਹੈ, ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਦਇਆਲ—ਹੇ ਦਇਆ ਦੇ ਸੋਮੇ! ਨਿਸਿ—ਰਾਤ। ਬਾਸੁਰ—ਦਿਨ। ਮਨਿ—ਮਨ ਵਿਚ {ਲਫ਼ਜ਼ 'ਮਨੁ' ਅਤੇ 'ਮਨਿ' ਦਾ ਵਿਆਕਰਨਿਕ ਫ਼ਰਕ ਚੇਤੇ ਰਹੇ}। ਕਿਰਪਾਲ—ਹੇ ਕਿਰਪਾ ਦੇ ਸੋਮੇ!।1। ਰਹਾਉ।

ਉਧਾਰਨ—ਬਚਾਣ ਵਾਲੇ। ਸਾਧ ਪ੍ਰਭ—ਪ੍ਰਭੂ ਦਾ ਭਜਨ ਕਰਨ ਵਾਲੇ ਗੁਰਮੁਖ। ਤਿਨ੍ਹ੍ਹ ਪਾਲ—ਉਹਨਾਂ ਦੇ ਪੱਲੇ, ਉਹਨਾਂ ਦੀ ਸਰਨ। ਮੋ ਕਉ—ਮੈਨੂੰ। ਪ੍ਰਭ—ਹੇ ਪ੍ਰਭੂ! ਪਗ ਰਾਲ—ਪੈਰਾਂ ਦੀ ਧੂੜ।2।

ਉਕਤਿ—ਯੁਕਤਿ, ਦਲੀਲ। ਘਾਲ—ਮੇਹਨਤ, ਸੇਵਾ। ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਮੋਹ ਤੇ—ਮੋਹ ਤੋਂ। ਜਮ ਜਾਲ—ਜਮ ਦਾ ਜਾਲ।3।

ਬਿਨਉ—{ivnX} ਬੇਨਤੀ। ਕਰਉ—ਕਰਉਂ। ਕਰੁਣਾ ਪਤੇ—{ਕਰੁਣਾ—ਤਰਸ, ਦਇਆ। ਪਤੇ—ਹੇ ਪਤੀ!} ਹੇ ਦਇਆ ਦੇ ਮਾਲਕ! ਗਾਵਉ—ਗਾਵਉਂ। ਸਾਲ—{ਸ਼ਾਲਾ} ਘਰ। ਸੁਖ ਸਾਲ—ਸੁਖਾਂ ਦਾ ਘਰ।4।

ਅਰਥ:- ਹੇ ਦਇਆ ਦੇ ਸੋਮੇ ਪ੍ਰਭੂ! ਮੈਨੂੰ ਮਿਲ। ਤੈਨੂੰ ਮਿਲਿਆਂ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਹੇ ਕਿਰਪਾ ਦੇ ਘਰ ਪ੍ਰਭੂ! (ਤੇਰੇ ਗੁਣ) ਯਾਦ ਕਰਦਿਆਂ ਦਿਨ ਰਾਤ ਮੇਰੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ।1। ਰਹਾਉ।

(ਹੇ ਪ੍ਰਭੂ! ਮੇਹਰ ਕਰ) ਮੈਂ ਤੇਰੇ ਸੇਵਕ ਦੀ ਸੇਵਾ ਕਰਦਾ ਰਹਾਂ। ਮੈਂ (ਤੇਰੇ ਸੇਵਕ ਦੇ) ਚਰਨ (ਆਪਣੇ)

ਕੇਸਾਂ ਨਾਲ ਝਾੜਦਾ ਰਹਾਂ। ਮੈਂ ਆਪਣਾ ਸਿਰ (ਤੇਰੇ ਸੇਵਕ ਅੱਗੇ) ਭੇਟਾ ਕਰ ਦਿਆਂ, (ਤੇ ਉਸ ਪਾਸੋਂ ਤੇਰੇ) ਰਸ-ਭਰੇ ਗੁਣ ਸੁਣਦਾ ਰਹਾਂ।1।

ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਗੁਰਮੁਖ ਮਨੁੱਖ ਦੁਨੀਆ (ਦੇ ਬੰਦਿਆਂ) ਨੂੰ (ਵਿਕਾਰਾਂ ਤੋਂ) ਬਚਾਣ ਦੀ ਸਮਰੱਥਾ ਵਾਲੇ ਹੁੰਦੇ ਹਨ, (ਜੇ ਵਿਕਾਰਾਂ ਤੋਂ ਬਚਣ ਦੀ ਲੋੜ ਹੈ ਤਾਂ) ਉਹਨਾਂ ਦੀ ਸਰਨ ਪਏ ਰਹੋ। ਹੇ ਪ੍ਰਭੂ! ਮੈਨੂੰ (ਭੀ) ਆਪਣੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਦਾ ਦਾਨ ਦੇਹ।2।

ਹੇ ਪ੍ਰਭੂ! ਮੇਰੇ ਪੱਲੇ ਦਲੀਲ ਕਰਨ ਦੀ ਸਮਰਥਾ ਨਹੀਂ, ਮੇਰੇ ਅੰਦਰ ਕੋਈ ਸਿਆਣਪ ਨਹੀਂ, ਮੈਂ ਕੋਈ ਸੇਵਾ ਦੀ ਮੇਹਨਤ ਨਹੀਂ ਕੀਤੀ, (ਮੇਰੀ ਤਾਂ ਤੇਰੇ ਹੀ ਦਰ ਤੇ ਅਰਜ਼ੋਈ ਹੈ—ਹੇ ਪ੍ਰਭੂ!) ਮੈਨੂੰ ਭਟਕਣਾਂ ਤੋਂ, ਡਰਾਂ ਤੋਂ, ਮੋਹ ਤੋਂ ਬਚਾ ਲੈ (ਇਹ ਭਟਕਣ, ਇਹ ਡਰ, ਇਹ ਮੋਹ ਸਭ ਜਮ ਦੇ ਜਾਲ, ਜਮ ਦੇ ਵੱਸ ਪਾਣ ਵਾਲੇ ਹਨ, ਮੇਰਾ ਇਹ) ਜਮਾਂ ਦਾ ਜਾਲ ਕੱਟ ਦੇ।3।

ਹੇ ਤਰਸ ਦੇ ਸੋਮੇ! ਹੇ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਮੈਂ (ਤੇਰੇ ਅੱਗੇ) ਬੇਨਤੀ ਕਰਦਾ ਹਾਂ। ਹੇ ਨਾਨਕ! (ਆਖ—ਹੇ ਪ੍ਰਭੂ! ਮੇਹਰ ਕਰ) ਸਾਧ ਸੰਗਤਿ ਵਿਚ ਟਿਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ। (ਹੇ ਪ੍ਰਭੂ!) ਤੇਰੀ ਸਾਧ ਸੰਗਤਿ ਸੁਖਾਂ ਦਾ ਘਰ ਹੈ।4।11। 41।